# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-09-2024**

- ਹਰਿਆਣਾ ਵਿਧਾਨ ਸਭਾ ਲਈ ਚੋਣ ਪ੍ਰਚਾਰ ਜ਼ੋਰਾਂ ਤੇ-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੋਨੀਪਤ ਜ਼ਿਲ੍ਹੇ ਦੇ ਗੋਹਨਾ ਵਿੱਚ ਇੱਕ ਜਨ ਸਭਾ ਨੂੰ ਸੰਬੋਧਨ ਕੀਤਾ।
- ਪੰਜਾਬ ਵਿਚ ਪੰਚਾਇਤੀ ਚੋਣਾਂ 15 ਅਕਤੂਬਰ ਨੂੰ ਹੋਣਗੀਆਂ।
- ਕੇਂਦਰ ਸਰਕਾਰ ਦੀ ਵੱਡੀ ਪਹਿਲ 'ਮੇਕ ਇਨ ਇੰਡੀਆ' ਨੇ, ਅੱਜ 10 ਸਾਲ ਪੂਰੇ ਕੀਤੇ ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸੂਬੇ ਦੇ ਅੱਠ ਸਰਕਾਰੀ ਹਸਪਤਾਲਾਂ 'ਚ ਡਾਇਲਸਿਸ ਕੇਂਦਰਾਂ ਦਾ ਉਦਘਾਟਨ ਕੀਤਾ।

---

ਗੁਆਂਢੀ ਸੂਬੇ ਹਰਿਆਣਾ 'ਚ ਚੋਣ ਪ੍ਰਚਾਰ ਜ਼ੋਰਾਂ 'ਤੇ  ਏ । ਉਮੀਦਵਾਰਾਂ ਦੇ ਹੱਕ ਵਿੱਚ ਅੱਜ ਵੱਖ-ਵੱਖ ਪਾਰਟੀਆਂ ਦੇ ਸਟਾਰ ਪ੍ਰਚਾਰਕਾ ਨੇ ਜਨ ਸਭਾਵਾਂ ਨੂੰ ਸੰਬੋਧਨ ਕੀਤਾ । ਪ੍ਰਧਾਨ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਹਰਿਆਣਾ ਦੇ ਗੋਹਾਨਾ, ਸੋਨੀਪਤ ਵਿੱਚ 22 ਵਿਧਾਨ ਸਭਾ ਹਲਕਿਆਂ ਦੇ ਉਮੀਦਵਾਰਾਂ ਦੇ ਹੱਕ ਵਿੱਚ ਜਨ ਆਸ਼ੀਰਵਾਦ ਰੈਲੀ ਨੂੰ ਸੰਬੋਧਨ ਕੀਤਾ । ਸ੍ਰੀ ਮੋਦੀ ਨੇ ਕਿਹਾ ਕਿ BJP ਸਰਕਾਰ ਦੇ ਅਧੀਨ ਹਰਿਆਣਾ ਨੇ ਉਦਯੋਗ ਅਤੇ ਖੇਤੀਬਾੜੀ ਵਰਗੇ ਖੇਤਰਾਂ ਵਿੱਚ ਚੋਟੀ ਦੇ ਰਾਜਾਂ ਵਿੱਚ ਆਪਣਾ ਸਥਾਨ ਬਣਾਇਆ ਏ IBYTE: ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਦੁਨੀਆ ਵਿੱਚ ਭਾਰਤ ਵਿੱਚ ਭਰੋਸਾ ਵਧਿਆ ਏ । ਪੂਰੀ ਦੁਨੀਆ ਵਿੱਚ ਇਹ ਵਿਸ਼ਵਾਸ ਏ  ਕਿ ਭਾਰਤ, ਭ੍ਰਿਸ਼ਟਾਚਾਰ ਅਤੇ ਭਾਈ-ਭਤੀਜਾਵਾਦ ਤੋਂ ਮੁਕਤ ਏ  ਅਤੇ ਤੇਜ਼ੀ ਨਾਲ ਤਰੱਕੀ ਕਰ ਰਿਹਾ ਏ । ਉਨ੍ਹਾਂ ਕਿਹਾ ਕਿ ਦੁਨੀਆ ਮਹਿਸੂਸ ਕਰਦੀ ਏ  ਕਿ ਆਉਣ ਵਾਲੇ ਸਮੇਂ ਵਿੱਚ, ਜੇਕਰ ਕੋਈ ਦੇਸ਼, ਸਭ ਤੋਂ ਤੇਜ਼ੀ ਨਾਲ ਤਰੱਕੀ ਕਰੇਗਾ ਤਾਂ ਉਹ ਭਾਰਤ ਏ । ਸ੍ਰੀ ਮੋਦੀ ਨੇ ਕਿਹਾ ਕਿ ਦੁਨੀਆ ਦੀਆਂ ਵੱਡੀਆਂ ਕੰਪਨੀਆਂ, ਭਾਰਤ ਵਿੱਚ

ਨਿਵੇਸ਼ ਕਰਨ ਲਈ ਉਤਸੁਕ ਨੇ । ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਵੀ ਕੁਰੂਕਸ਼ੇਤਰ ਵਿੱਚ ਇੱਕ ਰੈਲੀ ਨੂੰ ਸੰਬੋਧਨ ਕੀਤਾ। ਉਨ੍ਹਾਂ ਲੋਕਾਂ ਨੂੰ BJP ਉਮੀਦਵਾਰਾਂ ਦੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ ।

---------------------------------------------------

ਜੰਮੂ ਕਸ਼ਮੀਰ ਵਿਚ ਦੂਜੇ ਗੇੜ ਦੀਆਂ ਵਿਧਾਨ ਸਭ ਚੋਣਾਂ ਲਈ ਅੱਜ 26 ਹਲਕਿਆਂ ਵਿਚ ਵੋਟਿੰਗ ਹੋਈ ਲੋਕਾਂ ਵਿਚ ਵੋਟਾਂ ਪਾਉਣ ਨੂੰ ਲੈਕੇ ਭਾਰੀ ਉਤਸ਼ਾਹ ਵੇਖਿਆ ਗਿਆ ਸ਼ਾਮੀ 5 ਵਜੇ ਤਕ 54 ਫੀਸਦੀ ਵੋਟਿੰਗ ਦਰਜ ਕੀਤੀ ਗਈ ।

---------------------------------------------------

ਚੋਣ ਕਮਿਸ਼ਨ ਵੱਲੋਂ ਪੰਜਾਬ ਵਿਚ ਪੰਚਾਇਤੀ ਚੋਣਾਂ ਸਬੰਧੀ ਤਰੀਕਾਂ ਦਾ ਐਲਾਨ ਕਰ ਦਿੱਤਾ ਗਿਆ ਏ । ਪ੍ਰਾਪਤ ਜਾਣਕਾਰੀ ਅਨੁਸਾਰ ਪੰਚਾਇਤ ਚੋਣਾਂ ਦੀ ਤਰੀਕ 15 ਅਕਤੂਬਰ ਤੈਅ ਕੀਤੀ ਗਈ ਏ । ਪੰਜਾਬ ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਪੰਜਾਬ ਭਵਨ ਵਿਚ ਪ੍ਰੈਸ ਕਾਨਫਰੰਸ ਦੌਰਾਨ ਇਹ ਜਾਣਕਾਰੀ ਦਿੱਤੀ । ਇਸ ਸਬੰਧੀ ਨਾਮਜ਼ਦਗੀਆਂ 27 ਸਤੰਬਰ ਤੋਂ ਭਰੀਆਂ ਜਾ ਸਕਣਗੀਆਂ ਅਤੇ 4

ਅਕਤੂਬਰ ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ ਹੋਵੇਗੀ । ਸਰਪੰਚੀ ਦੇ ਉਮੀਦਵਾਰ 40 ਹਜ਼ਾਰ ਰੁਪਏ ਤੱਕ ਅਤੇ ਪੰਚ ਉਮੀਦਵਾਰ 30 ਰੁਪਏ ਤੱਕ ਦੀ ਰਾਸ਼ੀ ਦਾ ਖਰਚ ਕਰ ਸਕਣਗੇ । ਸ੍ਰੀ ਚੌਧਰੀ ਨੇ ਦੱਸਿਆ ਕਿ 13241 ਪੰਚਾਇਤਾਂ ਵਿਚ ਇਕ ਕਰੋੜ 33 ਲੱਖ 97 ਹਜ਼ਾਰ 932 ਰਜਿਸਟਰ ਵੋਟਰ ਨੇ । ਵੋਟਾਂ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤਕ ਪੈਣਗੀਆਂ ਤੇ ਨਤੀਜਾ ਓਸੇ ਦਿਨ ਐਲਾਨਿਆ ਜਾਵੇਗਾ ।

---

ਪੰਜਾਬ ਦੇ ਰੱਖਿਆ ਸੇਵਾਵਾਂ, ਸੁਤੰਤਰਤਾ ਸੈਨਾਨੀ ਅਤੇ ਬਾਗਬਾਨੀ ਮੰਤਰੀ ਮਹਿੰਦਰ ਭਗਤ ਵਲੋਂ ਕੈਬਨਿਟ ਮੰਤਰੀ ਦਾ ਅਹੁਦਾ ਸੰਭਾਲਣ ਮਗਰੋਂ ਜਲੰਧਰ ਪਹੁੰਚਣ ’ਤੇ ਨਿੱਘਾ ਸਵਾਗਤ ਕੀਤਾ ਗਿਆ । ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਮੌਕੇ ਬੋਲਦਿਆਂ ਮਹਿੰਦਰ ਭਗਤ ਨੇ ਜਲੰਧਰ ਵਾਸੀਆਂ ਦਾ ਸਮਰਥਨ ਕਰਨ ਲਈ ਧੰਨਵਾਦ ਕੀਤਾ ਤੇ ਕਿਹਾ ਕਿ ਉਹ 24 ਘੰਟੇ ਲੋਕ ਮਸਲਿਆਂ ਦੇ ਹੱਲ ਲਈ ਹਾਜ਼ਰ ਰਹਿਣਗੇ।

------------------------------------------------------------

ਕੇਂਦਰ ਸਰਕਾਰ ਦੀ ਵੱਡੀ ਪਹਿਲ 'ਮੇਕ ਇਨ ਇੰਡੀਆ' ਨੂੰ ਅੱਜ 10 ਸਾਲ ਪੂਰੇ ਹੋ ਗਏ ਨੇ। ਸਰਕਾਰ ਨੇ ਇਸ ਸਮੇਂ ਦੌਰਾਨ ਕਈ ਵੱਡੀਆਂ ਯੋਜਨਾਵਾਂ ਲਾਗੂ ਕੀਤੀਆਂ ਨੇ। ਇਨ੍ਹਾਂ ਕਾਰਵਾਈਆਂ ਸਦਕਾ ਭਾਰਤ ਦੇ ਨਿਰਮਾਣ ਖੇਤਰ ਵਿੱਚ ਕ੍ਰਾਂਤੀ ਆਈ ਏ ਅਤੇ ਨਾਲ ਆਰਥਿਕ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਏ। ਮੇਕ ਇਨ ਇੰਡੀਆ ਪਹਿਲਕਦਮੀ ਨੇ, ਭਾਰਤ ਦੇ ਨਿਰਮਾਣ ਖੇਤਰ ਨੂੰ ਨਵੀਂ ਤਾਕਤ ਦਿੱਤੀ ਏ। ਪੁਲਾੜ ਤੋਂ ਲੈ ਕੇ ਸੈਮੀਕੰਡਕਟਰਾਂ ਤੱਕ ਅਤੇ ਇਲੈਕਟ੍ਰੋਨਿਕਸ ਤੋਂ ਲੈ ਕੇ ਇਲੈਕਟ੍ਰਿਕ ਵਾਹਨਾਂ ਤੱਕ, ਮੇਕ ਇਨ ਇੰਡੀਆ ਦੀ ਸਫਲਤਾ ਦਿਖਾਈ ਦੇ ਰਹੀ ਏ। ਇਸ ਪਹਿਲਕਦਮੀ ਦਾ ਨਤੀਜਾ ਏ ਕਿ ਭਾਰਤ ਅੱਜ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਮੋਬਾਈਲ ਨਿਰਮਾਤਾ ਦੇਸ਼ ਬਣ ਗਿਆ ਏ, ਜਿਸ ਕਾਰਨ ਮੋਬਾਈਲ ਫੋਨਾਂ ਦੀ ਦਰਾਮਦ ਵਿੱਚ ਲਗਭਗ 85 ਫੀਸਦੀ ਦੀ ਕਮੀ ਆਈ ਏ। ਉਤਪਾਦਨ ਨਾਲ ਸਬੰਧਤ ਪ੍ਰੋਤਸਾਹਨ ਯੋਜਨਾਵਾਂ ਨੇ ਵੱਖ-ਵੱਖ ਖੇਤਰਾਂ ਵਿੱਚ ਇਕ ਲੱਖ 28 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਕਰਨਾ ਸੰਭਵ ਬਣਾਇਆ ਏ। ਪਿਛਲੇ ਦਹਾਕੇ ਵਿੱਚ, ਭਾਰਤ ਨੇ

ਹਰ ਘੰਟੇ ਇੱਕ ਸਟਾਰਟਅੱਪ ਸ਼ੁਰੂ ਕੀਤਾ ਏ , ਜਿਸ ਨਾਲ ਲਗਭਗ 15 ਲੱਖ ਨੌਕਰੀਆਂ ਪੈਦਾ ਹੋਈਆਂ ਨੇ । ਇਸ ਦੇ ਨਾਲ ਹੀ ਆਧੁਨਿਕ ਸਹੂਲਤਾਂ ਨਾਲ ਲੈਸ ਭਾਰਤ ਦੀ ਪਹਿਲੀ ਸਵਦੇਸ਼ੀ ਅਰਧ-ਹਾਈ ਸਪੀਡ ਰੇਲਗੱਡੀ ਵੰਦੇ ਭਾਰਤ ਯਾਤਰੀਆਂ ਨੂੰ ਸਭ ਤੋਂ ਵਧੀਆ ਤਜਰਬੇ ਦੇ ਰਹੀ ਏ। ਇਸ ਦੇ ਨਾਲ ਹੀ, UPI ਦੀ ਸਫਲਤਾ ਨੇ ਭਾਰਤ ਨੂੰ ਡਿਜੀਟਲ ਭੁਗਤਾਨ ਦੇ ਖੇਤਰ ਵਿੱਚ ਇੱਕ ਮੋਹਰੀ ਦੇਸ਼ ਬਣਾ ਦਿੱਤਾ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮੇਕ ਇਨ ਇੰਡੀਆ ਪਹਿਲਕਦਮੀ ਦੇ 10 ਸਾਲ ਪੂਰੇ ਹੋਣ 'ਤੇ ਸਵਾਗਤ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਮੇਕ ਇਨ ਇੰਡੀਆ ਭਾਰਤ ਨੂੰ ਇੱਕ ਨਿਰਮਾਣ ਅਤੇ ਨੀਂਵਾ ਊਰਜਾ ਕੇਂਦਰ ਬਣਾਉਣ ਲਈ 144 ਕਰੋੜ ਭਾਰਤੀਆਂ ਦੇ ਸਮੂਹਿਕ ਸੰਕਲਪ ਦੀ ਇੱਕ ਮਿਸਾਲ ਏ। ਉਨ੍ਹਾਂ ਸਮੂਹ ਲੋਕਾਂ ਦੀ ਸ਼ਲਾਘਾ ਕੀਤੀ ਜੋ ਪਿਛਲੇ ਇੱਕ ਦਹਾਕੇ ਤੋਂ ਇਸ ਲਹਿਰ ਨੂੰ ਸਫ਼ਲ ਬਣਾਉਣ ਲਈ ਅਣਥੱਕ ਮਿਹਨਤ ਕਰ ਰਹੇ ਨੇ ।

ਪ੍ਰਧਾਨ ਮੰਤਰੀ ਨੇ ਮੇਕ ਇਨ ਇੰਡੀਆ ਨੂੰ ਹਰ ਸੰਭਵ ਤਰੀਕਿਆਂ ਰਾਹੀਂ ਉਤਸ਼ਾਹਿਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਤੇ ਇਸਦੀ ਸ਼ਲਾਘਾ ਕੀਤੀ। BYTE:  ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਤੋਂ ਲੋਕਾਂ ਦਾ ਕਹਿਣਾ ਏ ਕਿ ਮੇਕ ਇਨ ਇੰਡੀਆ ਦੇਸ਼ ਲਈ ਬਹੁਤ ਲਾਭਦਾਇਕ ਸਾਬਿਤ ਹੋਈ ਏ। BYTE

-------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸੂਬੇ ਦੇ ਵੱਖ-ਵੱਖ ਸਰਕਾਰੀ ਹਸਪਤਾਲਾਂ ਵਿੱਚ 8 ਅਤਿ-ਆਧੁਨਿਕ ਡਾਇਲਸਿਸ ਸੈਂਟਰ ਦਾ ਉਦਘਾਟਨ ਕੀਤਾ। ਸਿਹਤ ਮੰਤਰੀ ਨੇ ਮਾਤਾ ਕੌਸ਼ੱਲਿਆ ਸਰਕਾਰੀ ਹਸਪਤਾਲ, ਪਟਿਆਲਾ ਵਿਖੇ ਇਸ ਸੁਵਿਧਾ ਦਾ ਉਦਘਾਟਨ ਕੀਤਾ, ਜਦਕਿ ਇਸ ਦੇ ਨਾਲ ਹੀ ਸੱਤ ਹੋਰ ਸ਼ਹਿਰਾਂ ਅੰਮ੍ਰਿਤਸਰ, ਮਲੇਰਕੋਟਲਾ, ਮੋਗਾ, ਗੋਨਿਆਣਾ, ਫਾਜ਼ਿਲਕਾ, ਫਰੀਦਕੋਟ ਅਤੇ ਜਲੰਧਰ ਵਿੱਚ ਕੇਂਦਰਾਂ ਦਾ ਉਦਘਾਟਨ ਉਨ੍ਹਾਂ ਵੱਲੋਂ ਵੀਡੀਓ ਕਾਨਫਰੰਸ ਕੀਤਾ ਗਿਆ। ਜ਼ਿਕਰਯੋਗ ਏ  ਕਿ ਇਸ ਸਾਲ  27 ਫਰਵਰੀ ਨੂੰ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਡਾਇਲਸਿਸ

ਪ੍ਰੋਗਰਾਮ ਦੇ ਨੋਡਲ ਅਫ਼ਸਰ ਡਾ. ਰੁਪਿੰਦਰ ਸਿੰਘ ਗਿੱਲ ਅਤੇ ਹੰਸ ਫਾਊਂਡੇਸ਼ਨ ਗਰੁੱਪ ਦੀ ਸੀਨੀਅਰ ਮੈਨੇਜਰ ਸੀਮਾ ਸਿੰਘ ਦਰਮਿਆਨ ਸਮਝੌਤਾ ਸਹੀਬੱਧ ਕੀਤਾ ਗਿਆ ਸੀ। ਇਸ ਸਮਝੌਤੇ ਮੁਤਾਬਕ ਫਾਊਂਡੇਸ਼ਨ ਵੱਲੋਂ ਵਿਭਾਗ ਨੂੰ ਸਿਖਲਾਈ ਪ੍ਰਾਪਤ ਮੈਡੀਕਲ ਅਫ਼ਸਰ ਅਤੇ ਹੋਰ ਸਟਾਫ਼, ਦਵਾਈਆਂ ਤੇ ਖਾਣਯੋਗ ਸਮੱਗਰੀ, ਡਾਇਲਸਿਸ ਮਸ਼ੀਨਾਂ ਅਤੇ ਆਰ.ਓ. ਪਲਾਂਟ ਮੁਹੱਈਆ ਕਰਵਾਏ ਜਾਣਗੇ ਅਤੇ ਇਨ੍ਹਾਂ ਕੇਂਦਰਾਂ ਦੇ ਕੰਮਕਾਜ ਦੀ ਨਿਗਰਾਨੀ ਕੀਤੀ ਜਾਵੇਗੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ  ਇਸ ਭਾਈਵਾਲੀ ਦਾ ਉਦੇਸ਼ ਸੂਬੇ ਭਰ ਵਿੱਚ ਮੁਫ਼ਤ ਡਾਇਲਸਿਸ ਸਹੂਲਤਾਂ ਪ੍ਰਦਾਨ ਕਰਨਾ ਅਤੇ ਗੁਰਦੇ ਦੀ ਬਿਮਾਰੀ ਸਬੰਧੀ ਮਿਆਰੀ ਦੇਖਭਾਲ ਸੇਵਾਵਾਂ ਤੱਕ ਮਰੀਜ਼ਾਂ ਨੂੰ ਆਸਾਨ ਪਹੁੰਚ ਪ੍ਰਦਾਨ ਕਰਨਾ ਏ।

--------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੱਕ ਵਫ਼ਦ ਨੇ, ਅੱਜ ਮੇਘਾਲਿਆ ਸਰਕਾਰ ਦੇ ਮੁੱਖ ਸਕੱਤਰ ਡੋਨਾਲਡ ਫਿਲੀਪਸ ਵਾਹ-ਲੈਂਗ ਨਾਲ ਮੁਲਾਕਾਤ ਕਰਕੇ, ਸ਼ਿਲਾਂਗ ਦੀ ਪੰਜਾਬੀ ਕਲੋਨੀ ਵਿਖੇ ਸਥਿਤ

200 ਸਾਲ ਪੁਰਾਣੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਨੂੰ ਮੇਘਾਲਿਆ ਸਰਕਾਰ ਦੁਆਰਾ ਢਾਹੁਣ ਦੀ ਕਾਰਵਾਈ ਨੂੰ ਤੁਰੰਤ ਰੋਕਣ ਲਈ ਮੰਗ ਪੱਤਰ ਸੌਂਪਿਆ ਏ । ਬੀਤੇ ਦਿਨੀਂ ਸਿਲਾਂਗ ਸਥਿਤ ਗੁਰਦੁਆਰਾ ਗੁਰੂ ਨਾਨਕ ਦਰਬਾਰ ਦੇ ਪ੍ਰਧਾਨ  ਗੁਰਜੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੱਕ ਪਹੁੰਚ ਕਰਕੇ, ਇਹ ਜਾਣਕਾਰੀ ਦਿੱਤੀ ਸੀ ਕਿ ਮੇਘਾਲਿਆ ਸਰਕਾਰ ਦੀ ਇੱਕ ਉੱਚ ਪੱਧਰੀ ਕਮੇਟੀ ਵੱਲੋਂ ਸ਼ਿਲਾਂਗ ਦੇ ਬੜਾ ਬਜ਼ਾਰ ਦੀ ਪੰਜਾਬੀ ਕਲੋਨੀ ਵਿਖੇ ਸਥਿਤ ਗੁਰਦੁਆਰਾ ਸਾਹਿਬ ਦੇ ਨਾਲ-ਨਾਲ ਹੋਰ ਧਾਰਮਿਕ ਸਥਾਨਾਂ ਨੂੰ ਢਾਹੁਣ ਦੀ ਸਿਫ਼ਾਰਿਸ਼ ਕੀਤੀ ਗਈ ਏ । ਇਸ ਨਾਲ ਸਿੱਖ ਭਾਈਚਾਰੇ ਅੰਦਰ ਭਾਰੀ ਰੋਸ ਪਾਇਆ ਜਾ ਰਿਹਾ ਏ । ਇਸ ’ਤੇ ਕਾਰਵਾਈ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਸ਼੍ਰੋਮਣੀ ਕਮੇਟੀ ਦੇ  ਇੱਕ ਵਫ਼ਦ ਮੇਘਾਲਿਆ ਦੀ ਸਰਕਾਰ ਨਾਲ ਗੱਲਬਾਤ ਕਰਨ ਲਈ ਸ਼ਿਲਾਂਗ ਪੁੱਜਾ ਅਤੇ ਜ਼ੋਰਦਾਰ ਤਰੀਕੇ ਨਾਲ ਸਥਾਨਕ ਸਿੱਖਾਂ ਦੀ ਅਵਾਜ਼ ਨੂੰ ਉਠਾਇਆ ।

---

ਪੰਜਾਬ ਸ਼ੂਗਰਫੈੱਡ ਦੇ ਚੇਅਰਮੈਨ ਨਵਦੀਪ ਸਿੰਘ ਜੀਦਾ ਅਤੇ ਪ੍ਰਬੰਧਕ ਨਿਰਦੇਸ਼ਕ ਡਾ. ਸੇਨੂੰ ਦੁੱਗਲ,  ਦੀ ਪ੍ਰਧਾਨਗੀ ਹੇਠ ਮੋਹਾਲੀ ਦਫਤਰ ਵਿਖੇ ਮੀਟਿੰਗ ਕੀਤੀ ਗਈ । ਮੀਟਿੰਗ ਦੌਰਾਨ ਪੰਜਾਬ ਵਿੱਚ ਚੱਲਦੀਆਂ ਸਾਰੀਆਂ ਸਹਿਕਾਰੀ ਖੰਡ ਮਿੱਲਾਂ ਦੀ ਪਿਛਲੇ ਸਾਲ  ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਗਈ ਅਤੇ ਮਿੱਲ ਅਧਿਕਾਰੀਆਂ ਨੂੰ ਅਗਲੇ ਸਾਲ (2024-25) ਲਈ ਨਿਰਧਾਰਿਤ ਟੀਚਿਆਂ ਨੂੰ ਹਾਸਲ ਕਰਨ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਪ੍ਰਬੰਧਕ ਨਿਰਦੇਸ਼ਕ ਨੇ ਮਿੱਲ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਕਿ ਪੰਜਾਬ ਰਾਜ ਦੀਆਂ ਪ੍ਰਾਈਵੇਟ ਖੰਡ ਮਿੱਲਾਂ ਦੀ ਤਰਜ਼ ‘ਤੇ ਗੰਨੇ ਦੀ ਪਿੜਾਈ, ਅਤੇ ਖੰਡ ਰਿਕਵਰੀ ਦੀ ਪ੍ਰਾਪਤੀ ਮਿੱਥੇ ਟੀਚਿਆਂ ਅਨੁਸਾਰ ਹਾਸਲ ਕਰਨੀ ਯਕੀਨੀ ਬਣਾਈ ਜਾਵੇ । ਉਨ੍ਹਾਂ ਸਹਿਕਾਰੀ ਖੰਡ ਮਿੱਲ ਬਟਾਲਾ ਅਤੇ ਗੁਰਦਾਸਪੁਰ ਦੇ ਨਵੇ ਪਲਾਂਟਾਂ ਨੂੰ ਵਧੀ ਸਮਰੱਥਾ ਅਨੁਸਾਰ ਚਲਾਉਣ ਸਬੰਧੀ ਸਖ਼ਤ ਹਦਾਇਤਾਂ ਜਾਰੀ ਕੀਤੀਆਂ।

---

ਮਾਲੇਰਕੋਟਲਾ ਜ਼ਿਲ੍ਹੇ ਵਿੱਚ ਪਰਾਲੀ ਨੂੰ ਬਿਨਾਂ ਅੱਗ ਲਗਾਏ ਇਸ ਦੇ ਸੁਚੱਜੇ ਪ੍ਰਬੰਧਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ, ਕਿਸਾਨਾਂ ਨੂੰ ਮਸ਼ੀਨਰੀ ਸਬੰਧੀ ਜਾਣਕਾਰੀ ਦੇਣ ਲਈ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ, ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਅੱਜ ਹਾਟ ਸਪਾਟ ਪਿੰਡਾਂ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਦੋ ਜਾਗਰੂਕਤਾ ਵੈਨਾਂ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਵੈਨਾਂ ਲੋਕਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਗੀਆਂ, ਜਿਨ੍ਹਾਂ ਵਿੱਚ ਆਡੀਓ ਸੰਦੇਸ਼ ਚਲਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਵੈਨਾਂ ਅਗਲੇ 21 ਦਿਨਾਂ ਦੌਰਾਨ ਜ਼ਿਲ੍ਹੇ ਦੇ ਖੇਤੀਬਾੜੀ ਬਲਾਕਾਂ ਵਿੱਚ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਪੱਖੋਂ ਸੰਵੇਦਨਸ਼ੀਲ ਖੇਤਰਾਂ ਦਾ ਦੌਰਾ ਕਰਨਗੀਆਂ ਅਤੇ ਇਸ ਦੇ ਸਹੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਦੇ ਨਾਲ ਨਾਲ ਬਲਾਕ ਵਿੱਚ ਮੌਜੂਦ ਪਰਾਲੀ ਪ੍ਰਬੰਧਨ

ਦੀ ਮਸ਼ੀਨਰੀ ਸਬੰਧੀ ਵੀ ਜਾਣਕਾਰੀ ਦੇਣਗੀਆਂ ਅਤੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਦੇ ਸਾਹਿਤ ਦੀ ਵੰਡ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸਾਲ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਪ੍ਰਤੀ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਨੂੰ ਅਪਣਾ ਕੇ ਕਿਸਾਨਾਂ ਦੇ ਸਹਿਯੋਗ ਨਾਲ ਅੱਗਾਂ ਦੀਆਂ ਘਟਨਾਵਾਂ ਨੂੰ ਘਟਾਇਆ ਕੀਤਾ ਜਾਵੇਗਾ । ਉਨ੍ਹਾਂ ਹੋਰ ਕਿਹਾ ਕਿ ਖੇਤਾਂ 'ਚ ਪਰਾਲੀ ਨੂੰ ਅੱਗ ਲਾਉਣ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ , ਜੇਕਰ ਕਿਸੇ ਕਿਸਾਨ ਨੇ ਖੇਤਾਂ ਵਿੱਚ ਅੱਗ ਲਗਾਈ ਤਾਂ ਉਸ ਵਿਰੁੱਧ ਕੌਮੀ ਗਰੀਨ ਟ੍ਰਿਬਿਊਨਲ ਅਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਆਪਣੇ ਖੇਤਾਂ ਵਿਚ ਹੀ ਵਾਹ ਕੇ ਜਾਂ ਇਸ ਦੀਆਂ ਗੱਠਾਂ ਬੰਨਵਾ ਕੇ ਇਸ ਦੀ ਸੁਚੱਜੀ ਸਾਂਭ ਸੰਭਾਲ ਕੀਤੀ ਜਾਵੇ ਅਤੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਕਿਸਾਨ ਆਪਣਾ ਬਹੁਮੁੱਲਾ ਯੋਗਦਾਨ ਦੇਣ ।

---

## <u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਹਰਿਆਣਾ ਵਿਧਾਨ ਸਭਾ ਲਈ ਚੋਣ ਪ੍ਰਚਾਰ ਜ਼ੋਰਾਂ ਤੇ-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੋਨੀਪਤ ਜ਼ਿਲ੍ਹੇ ਦੇ ਗੋਹਨਾ ਵਿੱਚ ਇੱਕ ਜਨ ਸਭਾ ਨੂੰ ਸੰਬੋਧਨ ਕੀਤਾ।
- ਪੰਜਾਬ ਵਿਚ ਪੰਚਾਇਤੀ ਚੋਣਾਂ 15 ਅਕਤੂਬਰ ਨੂੰ ਹੋਣਗੀਆਂ।
- ਕੇਂਦਰ ਸਰਕਾਰ ਦੀ ਵੱਡੀ ਪਹਿਲ 'ਮੇਕ ਇਨ ਇੰਡੀਆ' ਨੇ, ਅੱਜ 10 ਸਾਲ ਪੂਰੇ ਕੀਤੇ ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸੂਬੇ ਦੇ ਅੱਠ ਸਰਕਾਰੀ ਹਸਪਤਾਲਾਂ 'ਚ ਡਾਇਲਸਿਸ ਕੇਂਦਰਾਂ ਦਾ ਉਦਘਾਟਨ ਕੀਤਾ।